ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਮੋਗਾ

## ਜ਼ਿਲਾ ਪੱਧਰੀ ਗਣਤੰਤਰ ਦਿਵਸ ਸਮਾਗਮ ਮੋਗਾ ਦੀ ਦਾਣਾ ਮੰਡੀ 'ਚ ਮਨਾਇਆ ਗਿਆ

- **ਸਿੰਚਾਈ ਮੰਤਰੀ ਸ਼ਰਨਜੀਤ ਸਿੰਘ ਢਿੱਲੋਂ ਨੇ ਕੌਮੀ ਝੰਡਾ ਲਹਿਰਾਇਆ ਅਤੇ ਪਰੇਡ ਤੋਂ ਲਈ ਸਲਾਮੀ**
- **ਪੰਜਾਬ ਸਰਕਾਰ ਸਦਾ ਆਪਣੇ ਸੂਰਬੀਰਾਂ ਨੂੰ ਯਾਦ ਕਰਦੀ ਹੋਈ ਉਨ੍ਹਾਂ ਅੱਗੇ ਸਿਰ ਝੁਕਾਉਂਦੀ ਹੈ-ਢਿੱਲੋਂ**
- **ਸੂਬਾ ਸਰਕਾਰ ਵੱਲੋਂ ਸਿੰਜਾਈ ਲਈ ਮਜ਼ਬੂਤ ਨੈਟਵਰਕ ਕੀਤਾ ਗਿਆ ਤਿਆਰ**
- **ਕੰਢੀ ਖੇਤਰ ਅਧੀਨ ਆਉਂਦੇ 13,581 ਹੈਕਟੇਅਰ ਰਕਬੇ 'ਚ ਸਿੰਚਾਈ ਸਹੂਲਤਾਂ ਦਿੱਤੀਆਂ ਗਈਆਂ**
- **ਪੰਜਾਬ ਹਰ ਖੇਤਰ 'ਚ ਦੇਸ਼ ਦਾ ਮੋਹਰੀ ਸੂਬਾ**
- **10 ਸੁਤੰਤਰਤਾ ਸੰਗਰਾਮੀਆਂ ਤੇ ਉਨ੍ਹਾਂ ਦੇ ਪ੍ਰੀਵਾਰਕ ਮੈਂਬਰਾਂ ਨੂੰ ਕੀਤਾ ਗਿਆ ਸਨਮਾਨਿਤ**
- **ਲੋੜਵੰਦ ਵਿਅਕਤੀਆਂ ਨੂੰ 14 ਟਰਾਈ-ਸਾਈਕਲ ਤੇ 19 ਸਿਲਾਈ ਮਸ਼ੀਨਾਂ ਵੰਡੀਆਂ**

ਮੋਗਾ 26 ਜਨਵਰੀ,

ਗਣਤੰਤਰ ਦਿਵਸ ਮੌਕੇ ਜ਼ਿਲਾ ਪੱਧਰੀ ਸਮਾਗਮ ਸਥਾਨਕ ਦਾਣਾ ਮੰਡੀ ਵਿਖੇ ਮਨਾਇਆ ਗਿਆ। ਇਸ ਮੌਕੇ ਸ. ਸ਼ਰਨਜੀਤ ਸਿੰਘ ਢਿੱਲੋਂ ਸਿੰਚਾਈ ਮੰਤਰੀ ਪੰਜਾਬ ਨੇ ਕੌਮੀ ਝੰਡਾ ਲਹਿਰਾਇਆ ਅਤੇ ਪਰੇਡ ਤੋਂ ਸਲਾਮੀ ਲਈ।

ਸ. ਢਿੱਲੋਂ ਨੇ ਆਪਣੇ ਸੰਬੋਧਨ ਦੌਰਾਨ ਜ਼ਿਲਾ ਵਾਸੀਆਂ ਨੂੰ ਦੇਸ਼ ਦੇ 67ਵੇਂ ਗਣਤੰਤਰ ਦਿਵਸ ਦੇ ਮੌਕੇ 'ਤੇ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਦੁਨੀਆਂ ਦੇ ਸਭ ਤੋਂ ਵੱਡੇ ਲੋਕਰਾਜ ਦੇਸ਼, ਭਾਰਤ ਨੇ ਗਣਰਾਜ ਦੇ 66 ਵਰ੍ਹੇ ਪੂਰੇ ਕਰ ਲਏ ਹਨ ਅਤੇ ਅੱਜ ਸਾਰਾ ਮੁਲਕ 67ਵਾਂ ਗਣਤੰਤਰ ਦਿਵਸ ਮਨਾ ਰਿਹਾ ਹੈ।ਉਨ੍ਹਾਂ ਕਿਹਾ ਕਿ ਆਜ਼ਾਦੀ ਸੰਘਰਸ਼ ਵਿੱਚ ਪੰਜਾਬ ਦੇ ਸੂਰਬੀਰਾਂ ਦਾ ਬਹੁਤ ਵੱਡਾ ਯੋਗਦਾਨ ਰਿਹਾ, ਜਿੰਨ੍ਹਾਂ ਵਿੱਚ ਸ਼ਹੀਦ-ਏ-ਆਜ਼ਮ ਸ੍ਰ: ਭਗਤ ਸਿੰਘ, ਰਾਜਗੁਰੂ, ਸੁਖਦੇਵ, ਸ੍ਰ: ਕਰਤਾਰ ਸਿੰਘ ਸਰਾਭਾ, ਲਾਲਾ ਲਾਜਪਤ ਰਾਏ, ਸ਼ਹੀਦ ਮਦਨ ਲਾਲ ਢੀਂਗਰਾ, ਸ਼ਹੀਦ ਊਧਮ ਸਿੰਘ ਦੇ ਨਾਂ ਮੋਹਰਲੀਆਂ ਸਫਾਂ ਵਿੱਚ ਆਉਂਦੇ ਨ। ਉਨ੍ਹਾਂ ਦੇਸ਼ ਦੀਆਂ ਫੌਜਾਂ, ਅਰਧ ਸੈਨਿਕ ਬਲਾਂ ਅਤੇ ਸੂਬਿਆਂ ਦੀਆਂ ਪੁਲਿਸ ਫੋਰਸਜ਼ ਦੇ ਅਫਸਰਾਂ, ਜਵਾਨਾਂ ਵੱਲੋਂ ਦੇਸ਼ ਦੀ ਆਜ਼ਾਦੀ ਨੂੰ ਕਾਇਮ ਕਰਨ ਲਈ ਕੀਤੇ ਬਲੀਦਾਨ ਦੀ ਵੀ ਸ਼ਲਾਘਾ ਕੀਤੀ।

ਸਿੰਚਾਈ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸਦਾ ਆਪਣੇ ਸੂਰਬੀਰਾਂ ਨੂੰ ਯਾਦ ਕਰਦੀ ਹੋਈ ਉਨ੍ਹਾਂ ਅੱਗੇ ਸਿਰ ਝੁਕਾਉਂਦੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਰਤਾਰਪੁਰ ਵਿਖੇ 25 ਏਕੜ ਰਕਬੇ ਵਿੱਚ 300 ਕਰੋੜ ਰੁਪਏ ਦੀ ਲਾਗਤ ਨਾਲ ਆਜ਼ਾਦੀ ਘੁਲਾਟੀਆਂ ਦੀ ਯਾਦ ਵਿੱਚ ਜੰਗ-ਏ-ਆਜ਼ਾਦੀ ਮੈਮੋਰੀਅਲ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬੀ ਸੂਬੇ ਦੇ ਮੋਰਚੇ ਅਤੇ ਐਮਰਜੈਂਸੀ ਦੌਰਾਨ ਕੁਰਬਾਨੀਆਂ ਕਰਨ ਵਾਲੇ ਪੰਜਾਬੀਆਂ ਨੂੰ ਪਹਿਲੀ ਵਾਰ ਕਿਸੇ ਸਰਕਾਰ ਵੱਲੋਂ ਮਾਣ ਦਿੱਤਾ ਜਾ ਰਿਹਾ ਹੈ ਅਤੇ ਪੰਜਾਬ ਸਰਕਾਰ ਵੱਲੋ ਸੰਘਰਸ਼ੀ ਯੋਧਿਆਂ ਤੇ ਲੋਕਤੰਤਰ ਦੀ ਬਹਾਲੀ ਲਈ ਸੰਘਰਸ਼ ਕਰਨ ਵਾਲੇ ਸੂਰਬੀਰਾਂ ਨੂੰ ਸਨਮਾਨ ਦਿੰਦਿਆਂ 1000 ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਪਰਕਾਸ਼ ਸਿੰਘ ਬਾਦਲ ਵੱਲੋਂ ਸ਼ੁਰੂ ਕੀਤੀਆਂ ਕਿਸਾਨ ਪੱਖੀ ਨੀਤੀਆਂ ਅਤੇ ਮੁਫਤ ਬਿਜਲੀ ਦੀ ਸਹੂਲਤ ਸਦਕਾ ਪੰਜਾਬ ਕਣਕ ਤੇ ਝੋਨੇ ਦੀ ਪੈਦਾਵਾਰ ਵਿੱਚ ਦੇਸ਼ ਦਾ ਸਭ ਤੋਂ ਮੋਹਰੀ ਸੂਬਾ ਹੈ। ਉਨ੍ਹਾਂ ਕਿਹਾ ਕਿ ਕੁਦਰਤੀ ਆਫਤਾਂ ਕਾਰਨ ਫਸਲਾਂ ਦੇ ਹੋਏ ਨੁਕਸਾਨ ਲਈ ਰਾਹਤ 3600 ਰੁਪਏ ਤੋਂ ਵਧਾ ਕੇ 6000 ਰੁਪਏ ਪ੍ਰਤੀ ਏਕੜ ਕੀਤੀ ਗਈ ਹੈ।

ਸ. ਢਿੱਲੋਂ ਨੇ ਕਿਹਾ ਕਿ ਪੰਜਾਬ ਖੇਤੀ ਪ੍ਰਧਾਨ ਸੂਬਾ ਹੋਣ ਕਾਰਨ ਪੰਜਾਬ ਸਰਕਾਰ ਵੱਲੋਂ ਸਿੰਜਾਈ ਲਈ ਇੱਕ ਮਜ਼ਬੂਤ ਨੈਟਵਰਕ ਤਿਆਰ ਕੀਤਾ ਗਿਆ ਹੈ, ਜਿਸ ਤਹਿਤ ਕੰਢੀ ਖੇਤਰਾਂ ਅਧੀਨ ਆਉਂਦੇ 13,581 ਹੈਕਟੇਅਰ ਰਕਬੇ 'ਚ ਸਿੰਚਾਈ ਸਹੂਲਤਾਂ ਦਿੱਤੀਆਂ ਗਈਆਂ ਹਨ। ਇਸ ਤੋਂ ਇਲਾਵਾ ਸੂਬੇ ਵਿੱਚ 14,500 ਕਿਲੋਮੀਟਰ ਲੰਬੀਆਂ ਨਹਿਰਾਂ ਨਾਲ 31 ਲੱਖ ਹੈਕਟੇਅਰ ਦੇ ਕਰੀਬ ਰਕਬੇ ਨੂੰ ਸਿੰਜਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 1372.64 ਕਰੋੜ ਰੁਪਏ

ਦੀ ਲਾਗਤ ਨਾਲ ਨਹਿਰੀ ਖਾਲ ਪੱਕੇ ਕੀਤੇ ਗਏ ਹਨ ਅਤੇ ਡੂੰਘੇ ਟਿਊਬਵੈਲ ਲਗਾਏ ਗਏ ਹਨ, ਜਿਸ ਨਾਲ 1,89,429 ਲੋਕਾਂ ਨੂੰ ਫਾਇਦਾ ਹੋਇਆ ਹੈ। ਉਨ੍ਹਾਂ ਕਿਹਾ ਕਿ ਉਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ ਦੀਆਂ ਕੋਸ਼ਿਸ਼ਾਂ ਸਦਕਾ ਪੰਜਾਬ, ਦੇਸ਼ ਦਾ ਪਹਿਲਾ ਸੂਬਾ ਬਣਿਆ ਜਿਸ ਨੇ ਸੇਵਾ ਦਾ ਅਧਿਕਾਰ ਕਾਨੂੰਨ ਬਣਾਇਆ ਜਿਸ ਤਹਿਤ ਰੋਜ਼ਮੱਰਾ ਦੀਆਂ ਸੇਵਾਵਾਂ ਤੈਅ ਸਮੇਂ ਅੰਦਰ ਦਿੱਤੀਆਂ ਜਾ ਰਹੀਆਂ ਹਨ ਅਤੇ ਸੁਵਿਧਾ, ਫਰਦ ਤੇ ਸਾਂਝ ਕੇਂਦਰਾਂ ਸਦਕਾ ਆਮ ਲੋਕਾਂ ਦੀ ਸਰਕਾਰੀ ਦਫਤਰਾਂ ਵਿੱਚ ਖੱਜਲ-ਖੁਆਰੀ ਨੂੰ ਠੱਲ ਪਈ ਹੈ। ਉਨ੍ਹਾਂ ਕਿਹਾ ਕਿ  ਪੰਜਾਬ ਸਰਕਾਰ ਵੱਲੋਂ ਨੰਬਰਦਾਰਾਂ ਦਾ ਮਾਣ ਭੇਟਾ 1000 ਰੁਪਏ ਤੋਂ ਵਧਾ ਕੇ 1500 ਰੁਪਏ ਕੀਤਾ ਗਿਆ ਹੈ। ਸ਼ਗਨ ਸਕੀਮ ਤਹਿਤ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ, ਈਸਾਈ ਭਾਈਚਾਰੇ ਅਤੇ ਆਰਥਿਕ ਰੂਪ ਵਿੱਚ ਪੱਛੜੇ ਪਰਿਵਾਰਾਂ ਦੀਆਂ ਲੜਕੀਆਂ ਨੂੰ ਸਹਾਇਤਾ ਦਿੱਤੀ ਜਾ ਰਹੀ ਹੈ ਅਤੇ ਨੀਲੇ ਕਾਰਡ ਧਾਰਕਾਂ ਦੇ ਮੁਫਤ ਇਲਾਜ ਲਈ 'ਭਗਤ ਪੂਰਨ ਸਿਹਤ ਬੀਮਾ ਯੋਜਨਾ' ਸ਼ੁਰੂ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਲਈ ਕੈਸ਼-ਲੈਸ ਬੀਮਾ ਸਕੀਮ ਸ਼ੁਰੂ ਕੀਤੀ ਗਈ ਹੈ, ਜਿਸ ਅਧੀਨ ਕੋਈ ਵੀ ਸਰਕਾਰੀ ਮੁਲਾਜ਼ਮ ਤੇ ਪੈਨਸ਼ਨਰ ਹੁਣ ਸਰਕਾਰੀ ਤੇ ਪ੍ਰਾਈਵੇਟ ਹਸਪਤਾਲਾਂ ਵਿੱਚ 3 ਲੱਖ ਰੁਪਏ ਸਾਲਾਨਾ ਮੁਫਤ ਇਲਾਜ ਕਰਵਾ ਸਕਣਗੇ।

ਸਿੰਚਾਈ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਧਾਰਮਿਕ ਸਥਾਨਾਂ 'ਤੇ ਜਾਣ ਦੇ ਇਛੁੱਕ ਸ਼ਰਧਾਲੂਆਂ ਨੂੰ ਨਵੇਂ ਸਾਲ ਦਾ ਵੱਡਾ ਤੋਹਫਾ ਦਿੰਦਿਆਂ ਇਸ ਸਾਲ 1 ਜਨਵਰੀ ਨੂੰ 'ਮੁੱਖ ਮੰਤਰੀ ਤੀਰਥ ਦਰਸ਼ਨ ਯਾਤਰਾ ਸਕੀਮ' ਸ਼ੁਰੂ ਕੀਤੀ ਹੈ, ਜਿਸ  ਤਹਿਤ ਪੰਜਾਬ ਸਰਕਾਰ ਵੱਲੋਂ ਆਪਣੇ ਖਰਚੇ 'ਤੇ ਸੂਬੇ ਦੇ ਹਰ ਵਰਗ ਦੇ ਸ਼ਰਧਾਲੂਆਂ ਨੂੰ ਤਖਤ ਹਜ਼ੂਰ ਸਾਹਿਬ ਨਾਂਦੇੜ, ਕਾਂਸ਼ੀ ਧਾਮ ਵਾਰਾਣਸੀ, ਮਾਤਾ ਵੈਸ਼ਨੂੰ ਦੇਵੀ ਕੱਟੜਾ, ਅਜਮੇਰ ਸ਼ਰੀਫ ਦਰਗਾਹ ਰੇਲ ਗੱਡੀ ਰਾਹੀਂ ਲਿਜਾ ਕੇ ਦਰਸ਼ਨ ਕਰਵਾਏ ਜਾ ਰਹੇ ਹਨ।

ਮੋਗਾ ਜ਼ਿਲ੍ਹੇ ਦੀਆਂ ਪ੍ਰਾਪਤੀਆਂ ਅਤੇ ਇਤਿਹਾਸਕ ਮਹੱਤਤਾ ਦਾ ਜ਼ਿਕਰ ਕਰਦਿਆਂ ਮੰਤਰੀ ਨੇ ਕਿਹਾ ਕਿ ਉਹ ਮੋਗਾ ਦੀ ਇਤਿਹਾਸਕ ਧਰਤੀ 'ਤੇ ਸੰਬੋਧਨ ਕਰਦਿਆਂ ਬੜੀ ਖੁਸ਼ੀ ਮਹਿਸੂਸ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਜ਼ਿਲੇ ਦੇ ਪਿੰਡ ਦੀਨਾ-ਕਾਂਗੜ ਵਿਖੇ ਹੀ ਦਸਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਇਤਿਹਾਸਕ 'ਜ਼ਫਰਨਾਮਾ' ਲਿਖਿਆ। ਗੁਰੂ ਸਾਹਿਬ ਜੀ ਦੀ ਪ੍ਰੇਰਨਾ ਸਦਕਾ ਹੀ ਸਿੱਖ ਕੌਮ ਤੇ ਪੰਜਾਬੀਆਂ ਨੇ ਜ਼ਬਰ ਤੇ ਜ਼ੁਲਮ ਖਿਲਾਫ ਡਟ ਕੇ ਆਵਾਜ਼ ਬੁਲੰਦ ਕੀਤੀ ਅਤੇ ਦੇਸ਼ ਨੂੰ ਆਜ਼ਾਦੀ ਦਿਵਾਉਣ ਵਿੱਚ ਅਹਿਮ ਯੋਗਦਾਨ ਪਾਇਆ। ਉਨ੍ਹਾਂ ਕਿਹਾ ਕਿ ਮੋਗਾ ਵਿਖੇ ਮੋਗਾ-ਫਿਰੋਜ਼ਪੁਰ ਰੋਡ ਤੋ ਮੋਗਾ-ਹਰੀਕੇ ਰੋਡ ਤੱਕ ਕਿੰਗਵਾ ਡਿਸਟ੍ਰੀਬਿਊਟਰੀ ਦੇ ਨਾਲ-ਨਾਲ 8.54 ਕਰੋੜ ਰੁਪਏ ਦੀ ਲਾਗਤ ਨਾਲ 5.64 ਕਿਲੋਮੀਟਰ ਦੀ ਲੰਬਾਈ ਵਾਲਾ ਨਵਾਂ ਬਾਈ ਪਾਸ ਬਣਨ ਸਦਕਾ ਧਰਮਕੋਟ-ਕੋਟ ਈਸੇ ਖਾਂ ਦੇ ਲੋਕਾਂ ਨੂੰ ਵੱਡਾ ਲਾਭ ਹੋਇਆ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ 81 ਸੰਗਠਿਤ ਸੇਵਾ ਪ੍ਰਦਾਨ ਕੇਂਦਰਾਂ ਦੇ ਨਿਰਮਾਣ ਦਾ ਕੰਮ ਲਗਭੱਗ ਮੁਕੰਮਲ ਹੋ ਚੁੱਕਾ ਹੈ ਅਤੇ ਜਲਦੀ ਹੀ ਇੰਨ੍ਹਾਂ ਸੇਵਾ ਕੇਂਦਰਾਂ ਤੋਂ ਜ਼ਿਲ੍ਹੇ ਦੇ ਲੋਕਾਂ ਨੂੰ ਲਾਭ ਮਿਲੇਗਾ।

ਇਸ ਮੌਕੇ 10 ਸੁਤੰਤਰਤਾ ਸੰਗਰਾਮੀਆਂ ਤੇ ਉਨ੍ਹਾਂ ਦੇ ਪ੍ਰੀਵਾਰਕ ਮੈਂਬਰਾਂ ਦਾ ਸਨਮਾਨ ਵੀ ਕੀਤਾ ਗਿਆ। ਜ਼ਿਲਾ ਰੈਡ ਸੋਸਾਇਟੀ ਵੱਲੋਂ 14 ਲੋੜਵੰਦ ਵਿਅਕਤੀਆਂ ਨੂੰ ਟਰਾਈ-ਸਾਈਕਲ/ਵੀਲ੍ਹ ਚੇਅਰ ਅਤੇ 19 ਲੋੜਵੰਦ ਔਰਤਾਂ ਨੂੰ ਸਿਲਾਈ ਮਸ਼ੀਨਾਂ ਵੰਡੀਆਂ ਗਈਆਂ।

ਸ. ਢਿੱਲੋਂ ਨੂੰ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਸਨਮਾਨਿਤ ਕੀਤਾ ਗਿਆ ਅਤੇ ਵੱਖ-ਵੱਖ ਖੇਤਰਾਂ 'ਚ ਵਿਲੱਖਣ ਪ੍ਰਾਪਤੀਆਂ ਵਾਲੇ ਸਵੈ-ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ, ਅਧਿਕਾਰੀਆਂ/ਕ੍ਰਮਚਾਰੀਆਂ ਅਤੇ ਵਿਦਿਆਰਥੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ। ਵੱਖ-ਵੱਖ ਵਿਭਾਗਾਂ ਵੱਲੋਂ ਜ਼ਿਲ੍ਹੇ ਦੇ ਵਿਕਾਸ ਨੂੰ ਦਰਸਾਉਂਦੀਆਂ ਝਾਕੀਆਂ ਵੀ ਪੇਸ਼ ਕੀਤੀਆਂ ਗਈਆਂ। ਜ਼ਿਲੇ ਦੇ ਵੱਖ-ਵੱਖ 30 ਦੇ ਕਰੀਬ ਸਕੂਲਾਂ ਦੇ 1500 ਤੋਂ ਵੀ ਜ਼ਿਆਦਾ ਵਿਦਿਆਰਥੀਆਂ ਵੱਲੋਂ ਦੇਸ਼-ਪ੍ਰੇਮ ਨਾਲ ਗੜੁੱਚ ਅਤੇ ਸੱਭਿਆਚਾਰਕ ਵੰਨਗੀਆਂ ਰਾਹੀਂ ਹਾਜ਼ਰ ਲੋਕਾਂ ਦਾ ਮਨ ਮੋਹ ਲਿਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਜ ਸੂਚਨਾ ਕਮਿਸ਼ਨਰ ਸ. ਨਿਧੜਕ ਸਿੰਘ ਬਰਾੜ, ਜੱਥੇਦਾਰ ਤੀਰਥ ਸਿੰਘ ਮਾਹਲਾ ਜ਼ਿਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਮੇਅਰ ਨਗਰ ਨਿਗਮ ਅਕਸ਼ਿਤ ਜੈਨ, ਸੀਨੀਅਰ ਭਾਜਪਾ ਨੇਤਾ ਤਰਲੋਚਨ ਸਿੰਘ ਗਿੱਲ, ਡਿਪਟੀ ਕਮਿਸ਼ਨਰ ਪਰਮਿੰਦਰ ਸਿੰਘ ਗਿੱਲ, ਜ਼ਿਲਾ ਪੁਲਿਸ ਮੁਖੀ ਮੁਖਵਿੰਦਰ ਸਿੰਘ ਭੁੱਲਰ, ਜ਼ਿਲਾ ਸ਼ੈਸ਼ਨ ਜੱਜ ਜੀ.ਐਸ ਬਖਸ਼ੀ, ਵਧੀਕ ਡਿਪਟੀ ਕਮਿਸ਼ਨਰ ਅਰਵਿੰਦ ਪਾਲ ਸਿੰਘ ਸੰਧੂ, ਚੇਅਰਮੈਨ ਤਰਸੇਮ ਸਿੰਘ ਰੱਤੀਆਂ, ਵਧੀਕ ਜ਼ਿਲ੍ਹਾ ਜੱਜ ਗੁਰਜੰਟ ਸਿੰਘ, ਰਣਵਿੰਦਰ ਸਿੰਘ ਰਾਮੂੰਵਾਲਾ, ਐਸ.ਡੀ.ਐਮ ਮੋਗਾ ਸੁਰਿੰਦਰ ਕੌਰ, ਸਹਾਇਕ ਕਮਿਸ਼ਨਰ ਅਨੀਤਾ ਦਰਸ਼ੀ, ਜੱਥੇਦਾਰ ਕੁਲਦੀਪ ਸਿੰਘ ਜੋਗੇਵਾਲਾ, ਜ਼ਿਲਾ ਸਿੱਖਿਆ ਅਫਸਰ (ਸ) ਡਾ: ਬਲਦੇਵ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ(ਐ) ਜਸਪਾਲ ਸਿੰਘ ਔਲਖ, ਜਗਜੀਤ ਸਿੰਘ ਜੌੜਾ, ਸਮੇਤ ਜ਼ਿਲੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ/ਕਰਮਚਾਰੀ ਅਤੇ ਨਾਮੀਂ ਹਸਤੀਆਂ ਹਾਜ਼ਰ ਸਨ।

------

ਨੰ: ਪੀ.ਆਰ(ਪ੍ਰੈ ਰੀ)2016/44

**ਫ਼ੋਟੋ ਕੈਪਸ਼ਨ** ਵੱਖ-ਵੱਖ ਵਿਭਾਗਾਂ ਦੀਆਂ ਝਾਕੀਆਂ ਦਾ ਦ੍ਰਿਸ਼

**ਫ਼ੋਟੋ ਕੈਪਸ਼ਨ** ਸੱਭਿਆਚਾਰਕ ਪ੍ਰੋਗਰਾਮ ਦੀਆਂ ਝਲਕਾਂ।




ਗਣਤੰਤਰ ਦਿਵਸ ਦੀ ਲੱਖ-ਲੱਖ ਵਧਾਈ ਹੋਵੇ ।


ਗਣਤੰਤਰ ਦਿਵਸ ਦੀ ਲੱਖ-ਲੱਖ ਵਧਾਈ ਹੋਵੇ ।













ਮੈਂ ਕਰਲਾਉਣੀਆਂ,
ਵਾਸਤਾ ਤੈਨੂੰ ਪਾਉਣੀਆਂ
ਜਿਉਣ ਜੋਗਿਆ ਸਮਝ ਬਣਾ ਤੂੰ,
ਬਿਨਾਂ ਲੋੜ ਤੋਂ ਖਾਦ ਨਾ ਪਾ ਤੂੰ
ਭੌਂ ਪਰਖ
ਭੌਂ ਸਿਹਤ ਕਾਰਡ
ਦਿਵਸ ਦੀਆਂ ਲੱਖ ਲੱਖ


ਮਗਨਰੇਗਾ ਅਧੀਨ ਵੱਖ ਵੱਖ ਕੰਮ ਅਤੇ ਕੰਮ ਕਰਦੇ ਮਜਦੂਰ
ਜਿਲ੍ਹਾ ਮੋਗਾ
1. ਪਿੰਡਾਂ ਵਿਚ ਰੁੱਖ ਲਗਾਉਣੇ ।
2. ਲਿੰਕ ਸੜਕਾਂ ਦੀਆਂ ਬਰਮਾਂ ਤੇ ਮਿੱਟੀ ਪਾਉਣੀ ।



